**ਪੰਜਾਬ ਸਰਕਾਰ**
**ਸਕੂਲ ਸਿੱਖਿਆ ਵਿਭਾਗ**

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ:/ਐ:ਸਿ:) (ਵੈਬ ਸਾਈਟ ਰਾਹੀਂ)
ਅਤੇ ਸਮੂਹ ਸਕੂਲ ਮੁੱਖੀ, ਪੰਜਾਬ।

ਮੀਮੋ ਨੰ: 15/51-2015 ਏ(1)/20208327
ਮਿਤੀ: 03.01.2020

**ਵਿਸ਼ਾ:-** **ਨਾਨ ਟੀਚਿੰਗ ਦੀ ਐਕਟੀਵਿਟੀ ਬਾਰੇ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਜ਼ਿਲ੍ਹੇ ਅਤੇ ਸਕੂਲਾਂ ਦੇ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਨਾਨ ਟੀਚਿੰਗ ਐਕਟੀਵਿਟੀ ਅਤੇ ਨਾਨ ਟੀਚਿੰਗ ਕੰਮ ਕਰਨ ਲਈ ਕਿਹਾ ਜਾਂਦਾ ਹੈ। ਕਈ ਥਾਵਾਂ ਤੇ ਕੁੱਝ ਐਨ.ਜੀ.ਓਜ਼ ਸਕੂਲਾਂ ਦੇ ਵਿੱਚ ਆ ਕੇ ਬੱਚਿਆਂ ਦਾ ਪੜ੍ਹਾਈ ਦਾ ਸਮਾਂ ਖਰਾਬ ਕਰਦੇ ਹਨ। ਜਿਵੇਂ ਕਿ ਪਹਿਲਾਂ ਵੀ ਵਾਰ-ਵਾਰ ਦੱਸਿਆ ਗਿਆ ਹੈ ਕਿ ਅਕਾਦਮਿਕ ਸੈਸ਼ਨ 2019-20 ਆਪਣੇ ਆਖਰੀ ਪੜਾਅ ਤੇ ਹੈ ਅਤੇ ਇਸ ਸਮੇਂ ਵਿਦਿਆਰਥੀਆਂ ਤੋਂ ਕੋਈ ਵੀ ਕਿਸੇ ਤਰ੍ਹਾਂ ਦੀ ਨਾਨ ਟੀਚਿੰਗ ਐਕਟੀਵਿਟੀ ਨਾ ਕਰਵਾਈ ਜਾਵੇ। ਸਕੂਲੀ ਵਿਦਿਆਰਥੀਆਂ ਨੂੰ ਕੋਈ ਵੀ ਰੈਲੀ ਜਾਂ ਜਲੂਸ ਕੱਢਣ ਲਈ ਨਾ ਕਿਹਾ ਜਾਵੇ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਅਤੇ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਉਪਰੋਕਤ ਅਨੁਸਾਰ ਇੰਨ-ਬਿੰਨ ਪਾਲਣਾ ਕੀਤੀ ਜਾਵੇ। ਜਿੱਥੇ ਕਿਤੇ ਕਿਸੇ ਦੂਜੇ ਵਿਭਾਗ ਦੁਆਰਾ ਜ਼ਿਲ੍ਹਾ ਪੱਧਰ ਜਾਂ ਸਕੂਲ ਪੱਧਰ ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ ਤਾਂ ਇਸ ਸਬੰਧੀ ਤੁਰੰਤ ਟੈਲੀਫੋਨ ਜਾਂ ਵੱਟਸ ਐਪ ਰਾਹੀਂ ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ ਦੇ ਨਾਲ ਰਾਬਤਾ ਕਾਇਮ ਕੀਤਾ ਜਾਵੇ।

**ਸਕੱਤਰ ਸਕੂਲ ਸਿੱਖਿਆ**
**ਪੰਜਾਬ।**